# ਪੰਜਾਬ ਸਰਕਾਰ ਸਿੱਖਿਆ ਵਿਭਾਗ

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ,
ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ.), ਪੰਜਾਬ,
ਸਮੂਹ ਸਕੂਲ ਮੁੱਖੀ, ਸਰਕਾਰੀ ਸਕੂਲ ਪੰਜਾਬ,
ਸਮੂਹ ਬੀ.ਪੀ.ਈ.ਓ., ਪੰਜਾਬ

ਮੀਮੋ ਨੰ. 15/55-2019ਕੋ.ਸੈਲ.(1)੩੧੭੫੨੫-੨੮ ਮਿਤੀ: ੨੨-11-੨੦੧੯

ਵਿਸ਼ਾ: ਮਿਆਦ ਖਤਮ ਹੋ ਚੁੱਕੇ (Time Barred Claim) online ਕਰਨ ਸਬੰਧੀ।

1.0 ਸਕੂਲ ਅਧਿਆਪਕਾਂ ਅਤੇ ਕਰਮਚਾਰੀਆਂ ਵੱਲੋਂ ਟਾਈਮ ਬਾਰਡ ਕਲੇਮਾਂ ਦੀ ਪ੍ਰਵਾਨਗੀ ਲਈ ਅਰਜ਼ੀਆਂ ਸਕੂਲ ਮੁੱਖੀਆਂ/ਜਿਲ੍ਹਾ ਸਿੱਖਿਆ ਅਫਸਰ ਅਤੇ ਮੁੱਖ ਦਫਤਰ ਵਿਖੇ ਦਿੱਤੀਆਂ ਜਾਂਦੀਆਂ ਹਨ। ਇਸ ਪ੍ਰਕਿਰਿਆ ਵਿੱਚ ਸਕੂਲ ਅਧਿਆਪਕਾਂ ਦਾ ਕਾਫੀ ਸਮਾਂ ਬਰਬਾਦ ਹੁੰਦਾ ਸੀ ਅਤੇ ਇਸ ਕਾਗਜ਼ੀ ਕਾਰਵਾਈ ਲਈ ਕਾਫੀ ਸਮਾਂ ਲੱਗ ਜਾਂਦਾ ਸੀ। ਅਧਿਆਪਕਾਂ ਦੀਆਂ ਅਜਿਹੀਆਂ ਸਮੱਸਿਆਵਾਂ ਨੂੰ ਮੁੱਖ ਰੱਖਦੇ ਹੋਏ ਸਿੱਖਿਆ ਵਿਭਾਗ ਪੰਜਾਬ ਵੱਲੋਂ ਈ-ਪੰਜਾਬ ਸਕੂਲ ਪੋਰਟਲ ਉੱਤੇ ਟਾਈਮ ਬਾਰਡ ਬਿੱਲਾਂ ਦੇ ਕਲੇਮਾਂ ਨੂੰ ਆਨਲਾਈਨ ਕਰਨ ਲਈ ਇੱਕ ਨਵਾਂ ਸਾਫਟਵੇਅਰ ਤਿਆਰ ਕੀਤਾ ਗਿਆ ਹੈ। ਇਸ ਸਾਫਟਵੇਅਰ ਦੀ ਮਦਦ ਨਾਲ ਹੁਣ ਅਧਿਆਪਕ ਆਪਣੇ ਟਾਈਮ ਬਾਰਡ ਬਿੱਲਾਂ ਨੂੰ ਆਨਲਾਈਨ ਈ-ਪੰਜਾਬ ਸਕੂਲ ਪੋਰਟਲ ਉੱਤੇ ਆਪਣੇ ਨਿੱਜੀ ਅਕਾਊਂਟ ਵਿੱਚੋਂ ਅਪਲਾਈ ਕਰ ਸਕਣਗੇ।

2.0 ਉਪਰੋਕਤ ਟਾਈਮ ਬਾਰਡ ਬਿੱਲਾਂ ਨੂੰ ਅਪਲਾਈ ਕਰਨ ਵਿੱਚ ਜੇਕਰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਅਧਿਆਪਕ ਆਪਣੇ ਜਿਲ੍ਹੇ ਦੇ ਸਬੰਧਿਤ ਜਿਲ੍ਹਾ ਐਮ.ਆਈ.ਐਸ. ਵਿੰਗ ਦੇ ਕੋ-ਆਰਡੀਨੇਟਰ ਨਾਲ ਸੰਪਰਕ ਕਰ ਸਕਦੇ ਹਨ। ਜਿਨ੍ਹਾਂ ਦੇ ਮੋਬਾਈਲ ਨੰਬਰ ਈ-ਪੰਜਾਬ ਸਕੂਲ ਪੋਰਟਲ ਉੱਤੇ ਉਪਲੱਬਧ ਹਨ।

3.0 ਇਸ ਸਬੰਧੀ ਸਕੂਲ ਡੀ.ਡੀ.ਓਜ਼, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਜਿਲ੍ਹਾ ਸਿੱਖਿਆ ਅਫਸਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਵੀ ਇਸ ਸਿਸਟਮ ਨੂੰ ਆਪਣੇ ਸਕੂਲ ਜਾਂ ਦਫਤਰ ਦੇ ਈ-ਪੰਜਾਬ ਸਕੂਲ ਪੋਰਟਲ 'ਤੇ ਲਾਗਇੰਨ ਆਈ.ਡੀ. ਵਿੱਚ ਜਾ ਕੇ ਚੰਗੀ ਤਰ੍ਹਾਂ ਸਮਝ ਲੈਣ ਅਤੇ ਅਧਿਆਪਕਾਂ ਵੱਲੋਂ ਅਪਲਾਈ ਕੀਤੇ ਜਾਣ ਵਾਲੇ ਟਾਈਮ ਬਾਰਡ ਬਿੱਲਾਂ ਦੀਆਂ ਅਰਜ਼ੀਆਂ ਉੱਤੇ ਰੋਜ਼ਾਨਾ ਕਾਰਵਾਈ ਕਰਨ ਅਤੇ ਕਿਸੇ ਵੀ ਪੱਧਰ ਉੱਤੇ ਕੋਈ ਅਰਜ਼ੀ ਲੰਬਿਤ ਨਾ ਰਹੇ।

4.0 ਜਿਹੜੇ ਅਧਿਆਪਕ ਜਾਂ ਵੰਡ ਅਤੇ ਖਰਚਣ ਅਧਿਕਾਰੀ ਇਸ ਪੱਤਰ ਦੇ ਜਾਰੀ ਹੋਣ ਦੇ ਇੱਕ ਮਹੀਨੇ ਦੇ ਅੰਦਰ-ਅੰਦਰ ਆਪਣੇ ਜਾਂ ਆਪਣੀ ਸੰਸਥਾ ਵਿੱਚ ਪੈਂਡਿੰਗ ਟਾਈਮ ਬਾਰਡ ਕਲੇਮ ਪ੍ਰਵਾਨਗੀ ਲਈ ਅਪਲਾਈ ਕਰਨਗੇ, ਉਨ੍ਹਾਂ ਕੇਸਾਂ ਵਿੱਚ ਦੇਰੀ ਕਰਨ ਵਾਲੇ ਕਸੂਰਵਾਰ ਜਿੰਮੇਵਾਰ ਕਰਮਚਾਰੀਆਂ ਦੀ ਜਿੰਮੇਵਾਰੀ ਨਿਸ਼ਚਿਤ ਨਹੀਂ ਕੀਤੀ ਜਾਵੇਗੀ ਅਤੇ ਇਸ ਸਮੇਂ ਉਪਰੰਤ ਪ੍ਰਾਪਤ ਹੋਏ ਮਿਆਦ ਪੁੱਗੇ ਬਿੱਲਾਂ ਦੇ ਕਾਰਨਾਂ ਦੀ ਪੁਣ-ਛਾਣ ਕਰਕੇ ਜਿੰਮੇਵਾਰ ਕਰਮਚਾਰੀਆਂ ਵਿਰੁੱਧ ਸਖਤ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾਵੇਗੀ।

5.0 ਟਾਈਮ ਬਾਰਡ ਬਿੱਲਾਂ ਦੇ ਕਲੇਮਾਂ ਨੂੰ ਅਪਲਾਈ ਕਰਨ ਸਬੰਧੀ ਹਦਾਇਤਾਂ/ਗਾਈਡਲਾਈਨਜ਼ ਨਾਲ ਨੱਥੀ ਹਨ।

ਨੱਥੀ : ਪੰਨਾ-1

ਸਕੱਤਰ ਸਕੂਲ ਸਿੱਖਿਆ, ਪੰਜਾਬ

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ
2. ਡੀ.ਪੀ.ਆਈ. (ਸੈ.ਸਿ.) ਪੰਜਾਬ
3. ਡੀ.ਪੀ.ਆਈ. (ਐ.ਸਿ.) ਪੰਜਾਬ
4. ਸੁਪਰਡੰਟ, ਸਿੱਖਿਆ-6 ਸ਼ਾਖਾ

ਸਕੱਤਰ ਸਕੂਲ ਸਿੱਖਿਆ, ਪੰਜਾਬ

**Guidelines to submit Time Barred Bills Online on ePunjabSchool Portal**

1. Teachers can login to their ePunjabSchool Staff Login
2. Click on "Apply" menu, then "Time Barred Bills"
3. Fill the desired columns.
4. Uploaded document as follows:
   - Certificate from the DDO and treasury that the amount has not been paid previously.
5. Click on "Submit" button to submit the bill.

Once submitted by the employee, the bill will go to concerned DDO login for verification of facts. Once submitted by the DDO, the bill will be forwarded to Concerned Head Office Directorate for further necessary action.